

ਅਜੀਤ, ਬਠਿੰਡਾ
ਬਰਨਾਲਾ ਅਜੀਤ
ਮੰਗਲਵਾਰ, 4 ਜਨਵਰੀ 2022





# ਈ.ਡੀ. ਰਾਹੀਂ ਬਾਂਹਾਂ ਮਰੋੜ ਕੇ ਭਾਜਪਾ 'ਚ ਸ਼ਾਮਿਲ ਕਰਵਾਏ ਜਾ ਰਹੇ ਨੇ ਦੂਸਰੀਆਂ ਪਾਰਟੀਆਂ ਦੇ ਆਗੂ-ਨਵਜੋਤ ਸਿੰਘ ਸਿੱਧ

## ਕਿਹਾ, ਕੈਪਟਨ ਅਮਰਿੰਦਰ ਸਿੰਘ ਕਾਂਗਰਸ ਦੇ 77 ਵਿਧਾਇਕ ਦਾ ਨਹੀਂ ਬਲਕਿ ਭਾਜਪਾ ਦਾ ਮੁੱਖ ਮੰਤਰੀ ਸੀ

ਬਰਨਾਲਾ, 3 ਜਨਵਰੀ (ਗੁਰਪ੍ਰੀਤ ਸਿੰਘ ਲਾਡੀ, ਰਾਜ ਪਨੇਸਰ)-ਪੰਜਾਬ ਕਾਂਗਰਸ ਦੇ ਪ੍ਰਧਾਨ ਸ: ਨਵਜੋਤ ਸਿੰਘ ਸਿੱਧੂ ਨੇ ਪੰਜਾਬ ਕਾਂਗਰਸ ਦੇ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਸ: ਕੇਵਲ ਸਿੰਘ ਢਿੱਲੋਂ ਦੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਿੱਥੇ ਉਨ੍ਹਾਂ ਵਲੋਂ ਪੰਜਾਬ ਦੀਆਂ ਔਰਤਾਂ ਅਤੇ ਧੀਆਂ ਲਈ ਕੀਤੇ ਗਏ ਵੱਡੇ ਐਲਾਨਾਂ ਦਾ ਜ਼ਿਕਰ ਕੀਤਾ ਗਿਆ ਉੱਥੇ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਕਾਂਗਰਸ ਦੇ 77 ਵਿਧਾਇਕਾਂ ਦੇ ਨਹੀਂ ਬਲਕਿ ਹਮੇਸ਼ਾ ਭਾਜਪਾ ਦੇ ਮੁੱਖ ਮੰਤਰੀ ਵਜੋਂ ਕੰਮ ਕਰਦੇ ਰਹੇ ਹਨ। ਇਸੇ ਕਾਰਨ ਕਾਂਗਰਸੀ ਮੰਤਰੀਆਂ ਅਤੇ ਵਿਧਾਇਕਾਂ ਦੀ ਆਵਾਜ਼ ਦੱਬੀ ਜਾਂਦੀ ਰਹੀ ਹੈ। ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਆਗੂਆਂ ਵਲੋਂ ਭਾਜਪਾ 'ਚ ਸ਼ਾਮਲ ਹੋਣ ਦੀ ਲੱਗੀ ਹੋੜ ਅਤੇ ਕਾਂਗਰਸ ਮੰਤਰੀਆਂ ਤੇ ਵਿਧਾਇਕਾਂ ਦੇ ਭਾਜਪਾ ਵਿਚ ਸ਼ਾਮਿਲ ਹੋਣ ਦੀਆਂ ਹੋ ਰਹੀਆਂ ਚਰਚਾਵਾਂ ਸਬੰਧੀ ਪੁੱਛੇ ਜਾਣ 'ਤੇ ਸ: ਸਿੱਧੂ ਨੇ ਕਿਹਾ ਕਿ ਇਹ ਹੋੜ ਬੰਗਾਲ ਵਿਚ ਲੱਗੀ ਸੀ ਕਿ ਕਿਵੇਂ ਈ.ਡੀ. ਰਾਹੀਂ ਬਾਂਹਾਂ ਮਰੋੜ ਕੇ ਆਗੂਆਂ ਨੂੰ ਭਾਜਪਾ ਵਿਚ ਸ਼ਾਮਲ ਕਰਵਾਇਆ ਗਿਆ ਸੀ ਅਤੇ ਇਸੇ ਤਰ੍ਹਾਂ ਹੁਣ ਇੱਥੇ ਹੋ ਰਿਹਾ ਹੈ। ਭਾਜਪਾ ਦੇ ਰਾਜ ਵਿਚ ਇਹ ਸੰਸਥਾਵਾਂ ਰਬੜ ਦੀਆਂ ਗੁੱਡੀਆਂ ਬਣ ਗਈਆਂ ਹਨ। ਇਸ ਲਈ ਜਿਹੜੇ ਜਾ ਰਹੇ ਨੇ ਉਹ ਵਾਪਸ ਵੀ ਆਉਣਗੇ। ਸ: ਸਿੱਧੂ ਨੇ ਕਿਹਾ ਕਿ ਪੰਜਾਬ ਮਾਡਲ ਤਹਿਤ ਉਨ੍ਹਾਂ ਵਲੋਂ ਜੋ ਵੀ ਪ੍ਰੋਗਰਾਮ ਲਿਆਂਦੇ ਜਾ ਰਹੇ ਹਨ ਉਹ ਕਾਂਗਰਸ ਪਾਰਟੀ ਦੇ ਚੋਣ ਮੈਨੀਫੈਸਟੋ ਦਾ ਹਿੱਸਾ ਹੋਣਗੇ। ਦਿੱਲੀ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਨੂੰ ਨਿਸ਼ਾਨੇ 'ਤੇ ਲੈਂਦਿਆਂ ਉਨ੍ਹਾਂ ਕਿਹਾ ਕਿ ਅੱਜ ਪੰਜਾਬ ਵਿਚ ਕੇਜਰੀਵਾਲ ਪੰਜਾਬ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਦੇਣ ਦੀ ਗੱਲ ਕਰ ਰਿਹਾ ਹੈ, ਜਦਕਿ ਦਿੱਲੀ ਵਿਚ ਕਿਸੇ ਔਰਤ ਨੂੰ ਇੱਕ ਪੈਸਾ ਨਹੀਂ ਦਿੱਤਾ ਜਾ ਰਿਹਾ। ਕੇਜਰੀਵਾਲ ਦੀ ਕੈਬਨਿਟ ਵਿਚ ਇੱਕ ਵੀ ਔਰਤ ਜਾਂ ਕੋਈ ਪੰਜਾਬੀ ਤੱਕ ਨਹੀਂ ਸ਼ਾਮਲ ਕੀਤਾ ਗਿਆ। ਇਸ ਮੌਕੇ ਸਾਬਕਾ ਲੋਕ ਸਭਾ ਮੈਂਬਰ ਸ਼ੇਰ ਸਿੰਘ ਘੁਬਾਇਆ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਕਰਨਇੰਦਰ ਸਿੰਘ ਢਿੱਲੋਂ, ਸ: ਸਿੱਧੂ ਦੇ ਮੀਡੀਆ ਸਲਾਹਕਾਰ ਸੁਰਿੰਦਰ ਡੱਲਾ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਮੱਖਣ ਸ਼ਰਮਾ, ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਲੱਕੀ ਪੱਖੋ, ਕਾਰਜਕਾਰੀ ਜ਼ਿਲ੍ਹਾ ਪ੍ਰਧਾਨ ਰਾਜੀਵ ਗੁਪਤਾ ਲੂਬੀ, ਜਗਤਾਰ ਸਿੰਘ ਧਨੌਲਾ, ਜੱਗਾ ਸਿੰਘ ਮਾਨ, ਨਗਰ ਕੌਂਸਲ ਦੇ ਪ੍ਰਧਾਨ ਗੁਰਜੀਤ ਸਿੰਘ ਰਾਮਣਵਾਸੀਆ, ਮੀਤ ਪ੍ਰਧਾਨ ਨਰਿੰਦਰ ਗਰਗ ਨੀਟਾ, ਸੀਨੀਅਰ ਆਗੂ ਸੁਰਿੰਦਰ ਕੌਰ ਬਾਲੀਆਂ, ਜਸਮੇਲ ਸਿੰਘ ਡੈਅਰੀਵਾਲਾ, ਮੰਗਤ ਰਾਏ ਬਾਂਸਲ, ਗੁਰਮੇਲ ਸਿੰਘ ਮੌੜ, ਹਰਵਿੰਦਰ ਸਿੰਘ ਚਹਿਲ, ਦੀਪ ਸੰਘੇੜਾ, ਹੈਪੀ ਢਿੱਲੋਂ, ਵਰੁਣ ਗੋਇਲ ਆਦਿ ਵੀ ਹਾਜ਼ਰ ਸਨ।



ਬਰਨਾਲਾ ਵਿਖੇ ਪ੍ਰੈੱਸ ਕਾਨਫ਼ਰੰਸ ਕਰਦੇ ਹੋਏ ਸ: ਨਵਜੋਤ ਸਿੰਘ ਸਿੱਧੂ, ਨਾਲ ਸ: ਕੇਵਲ ਸਿੰਘ ਢਿੱਲੋਂ ਅਤੇ ਹੋਰ ਆਗੂ। ਤਸਵੀਰ : ਰਿੰਪੀ ਸਟੂਡੀਓ



ਸ਼ਹਿਨਾ ਵਿਖੇ ਰੈਲੀ ਨੂੰ ਸੰਬੋਧਨ ਕਰਦੇ ਹੋਏ ਨਵਜੋਤ ਸਿੰਘ ਸਿੱਧੂ। ਤਸਵੀਰ : ਸੁਰੇਸ਼ ਗੋਗੀ

# ਸਿੱਧੂ ਵਲੋਂ ਹਲਕਾ ਭਦੌੜ ਦੇ ਕਸਬਾ ਸ਼ਹਿਨਾ ਵਿਖੇ ਰੈਲੀ

## ਰੈਲੀ ਦੌਰਾਨ ਕੀਤੇ ਅਹਿਮ ਐਲਾਨ

ਸ਼ਹਿਨਾ, 3 ਜਨਵਰੀ (ਸੁਰੇਸ਼ ਗੋਗੀ)-ਹਲਕਾ ਭਦੌੜ ਦੇ ਕਸਬਾ ਸ਼ਹਿਨਾ ਵਿਖੇ ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਨੇ ਕਿਹਾ ਕਿ ਕਾਂਗਰਸ ਦੀ ਸਰਕਾਰ ਦੁਬਾਰਾ ਆਉਣ 'ਤੇ ਚੋਣ ਮੈਨੀਫੈਸਟੋ 'ਚ ਜੋ ਚੜ੍ਹੇਗਾ, ਉਸ ਨੂੰ ਪੂਰਾ ਕੀਤਾ ਜਾਵੇਗਾ। ਰੈਲੀ ਨੂੰ ਵਿਧਾਇਕ ਪਿਰਮਲ ਸਿੰਘ ਧੌਲਾ ਨੇ ਸੰਬੋਧਨ ਕਰਦਿਆਂ ਹਲਕਾ ਭਦੌੜ ਲਈ ਵੱਡੀਆਂ ਗਰਾਂਟਾਂ ਦੀ ਮੰਗ ਕੀਤੀ। ਇਸ ਮੌਕੇ ਬੀਬੀ ਸੁਰਿੰਦਰ ਕੌਰ ਬਾਲੀਆ, ਬੀਬੀ ਮਲਕੀਤ ਕੌਰ ਸਹੋਤਾ, ਸੂਰਤ ਸਿੰਘ ਬਾਜਵਾ ਆਦਿ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸਰਪੰਚ ਮਲਕੀਤ ਕੌਰ ਕਲਕੱਤਾ, ਬਾਬੂ ਅਜੈ ਕੁਮਾਰ, ਮਨੀਸ਼ ਕੁਮਾਰ ਗਰਗ, ਕੁਲਦੀਪ ਸਿੰਘ ਕਾਲਾ ਢਿੱਲੋਂ, ਸੁਖਵਿੰਦਰ ਸਿੰਘ ਕਲਕੱਤਾ, ਗੁਰਪ੍ਰੀਤ ਸਿੰਘ ਲੱਕੀ, ਪਰਮਜੀਤ ਸਿੰਘ ਮੌੜ, ਜਗਤਾਰ ਸਿੰਘ ਧਨੌਲਾ, ਸੁਖਵਿੰਦਰ ਸਿੰਘ ਧਾਲੀਵਾਲ, ਬੀਬੀ ਮਨਵਿੰਦਰ ਕੌਰ ਪੱਖੋਂ, ਰਾਜਵਿੰਦਰ ਸਿੰਘ ਸੀਤਲ, ਹਰਪ੍ਰੀਤ ਸਿੰਘ ਨੈਣੇਵਾਲ, ਸੁਰਜੀਤ ਸਿੰਘ ਭਗਤਪੁਰਾ, ਜੱਗਾ ਸਿੰਘ ਮਾਨ, ਰਾਜੀਵ ਗੁਪਤਾ ਲੂਬੀ, ਗੁਰਦੀਪ ਦਾਸ ਬਾਵਾ, ਮਹਿੰਦਰਪਾਲ ਸਿੰਘ ਪੱਖੋ, ਸੁਖਜੀਤ ਕੌਰ ਸੁੱਖੀ, ਸਰਪੰਚ ਸੁਰਜੀਤ ਸਿੰਘ ਸੀਤਾ, ਸੁਖਵਿੰਦਰ ਸਿੰਘ ਕਾਕਾ, ਅੰਗਰੇਜ਼ ਸਿੰਘ ਭਗਤਪੁਰਾ, ਜਸਵੰਤ ਸਿੰਘ ਜੱਸੀ, ਗੁਰਦੇਵ ਸਿੰਘ ਸੁਖਪੁਰਾ, ਸੁਖਵਿੰਦਰ ਸਿੰਘ ਸੰਤਪੁਰਾ, ਰਣਜੀਤ ਸਿੰਘ ਮੌੜ ਪਟਿਆਲਾ, ਪਰਵਿੰਦਰ ਸਿੰਘ ਧਰਮਪੁਰਾ, ਰੂਪ ਸਿੰਘ ਮਕਸੂਥਾਂ, ਬਲਵੀਰ ਸਿੰਘ ਜੰਡਸਰ, ਲਛਮਣ ਸਿੰਘ ਧਰਮਸੋਤ, ਪ੍ਰਗਟ ਸਿੰਘ ਉਗੋਕੇ, ਗੁਰਦੀਪ ਸਿੰਘ ਜਗਜੀਤ ਪੁਰਾ, ਜੱਗਾ ਸਿੰਘ ਦਰਾਕਾ, ਰਾਮ ਸਿੰਘ ਦੁੱਲਮਸਰ, ਗੁਲਾਬ ਸਿੰਘ ਜੈਦ ਬੋਇ, ਜੋਗਿੰਦਰ ਸਿੰਘ ਬਰਾੜ, ਤੇਜਪਾਲ ਸਿੰਘ ਸੱਦੋਵਾਲ, ਪ੍ਰਗਟ ਸਿੰਘ ਠੀਕਰੀਵਾਲ, ਰਣਧੀਰ ਸਿੰਘ ਦੀਵਾਨਾ, ਸਾਉਣ ਸਿੰਘ ਗਹਿਲ, ਰਾਜਿੰਦਰ ਸਿੰਘ ਠੀਕਰੀਵਾਲ, ਤੇਜਿੰਦਰ ਸਿੰਘ ਸੋਹੀਆਂ, ਸੇਵਕ ਸਿੰਘ ਧਰਮਸੋਤ, ਮਨਪ੍ਰੀਤ ਸਿੰਘ ਮੰਟੀ, ਮੱਖਣ ਸਿੰਘ ਉਗੋਕੇ, ਗੁਰਸੇਵਕ ਸਿੰਘ ਨੈਣੇਵਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿਚ ਕਾਂਗਰਸੀ ਆਗੂ ਤੇ ਵਰਕਰ ਹਾਜ਼ਰ ਸਨ।



ਸੀ.ਸੀ.ਟੀ.ਵੀ ਕੈਮਰਿਆਂ ਦੀ ਫੁਟੇਜ ਦੇਖਦੇ ਹੋਏ ਡੀ.ਐਸ.ਪੀ. ਤਪਾ ਬਲਜੀਤ ਸਿੰਘ ਬਰਾੜ। (ਸੱਜੇ) ਅੰਦਰਲੇ ਬੱਸ ਸਟੈਂਡ ਤੇ ਸਥਿਤ ਦੁਕਾਨ ਮਾਲਕ ਘਟਨਾ ਸਬੰਧੀ ਜਾਣਕਾਰੀ ਦੇਣ ਮੌਕੇ। ਤਸਵੀਰਾਂ : ਪ੍ਰਵੀਨ ਗਰਗ

# ਚੋਰਾਂ ਨੇ ਇਕੋ ਰਾਤ ਤਿੰਨ ਦੁਕਾਨਾਂ ਦੇ ਜਿੰਦਰੇ ਤੋੜ ਕੇ ਚੋਰੀ ਦੀਆਂ ਘਟਨਾਵਾਂ ਨੂੰ ਕੀਤਾ ਅੰਜਾਮ

ਤਪਾ ਮੰਡੀ, 3 ਜਨਵਰੀ (ਪ੍ਰਵੀਨ ਗਰਗ)-ਬੀਤੀ ਰਾਤ ਚੋਰਾਂ ਨੇ ਸੰਘਣੀ ਆਬਾਦੀ 'ਚ ਸਥਿਤ ਦੋ ਕਰਿਆਨੇ ਦੀਆਂ ਦੁਕਾਨਾਂ ਅਤੇ ਇਕ ਫਲ ਫਰੂਟ ਦੀ ਦੁਕਾਨ ਦੇ ਜਿੰਦਰੇ ਭੰਨ ਕੇ ਚੋਰੀ ਦੀਆਂ ਘਟਨਾਵਾਂ ਨੂੰ ਅੰਜਾਮ ਦੇ ਦਿੱਤਾ, ਜਿਸ ਨੂੰ ਲੈ ਕੇ ਸ਼ਹਿਰ ਵਾਸੀਆਂ 'ਚ ਸਹਿਮ ਦਾ ਮਾਹੌਲ ਪਾਇਆ ਜਾ ਰਿਹਾ ਹੈ। ਘਟਨਾਵਾਂ ਦਾ ਪਤਾ ਲੱਗਦੇ ਹੀ ਡੀ.ਐਸ.ਪੀ ਤਪਾ ਬਲਜੀਤ ਸਿੰਘ ਬਰਾੜ ਮੌਕੇ 'ਤੇ ਪੁੱਜੇ ਜਿਨ੍ਹਾਂ ਸਥਿਤੀ ਦਾ ਜਾਇਜ਼ਾ ਲਿਆ। ਘਟਨਾ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਰੋਡ 'ਤੇ ਸਥਿਤ ਦੁਕਾਨ ਮਾਲਕ ਪੱਤਰਕਾਰ ਭੂਸ਼ਨ ਘੜੈਲਾ ਨੇ ਦੱਸਿਆ ਕਿ ਸਵੇਰ ਦੇ ਕਰੀਬ ਚਾਰ ਕੁ ਵਜੇ ਉਸ ਨੂੰ ਕੁਝ ਸੇਵਾਦਾਰਾਂ ਦਾ ਫ਼ੋਨ ਆਇਆ ਕਿ ਉਸ ਦੀ ਦੁਕਾਨ ਦਾ ਸ਼ਟਰ ਖੁੱਲ੍ਹਾ ਪਿਆ ਹੈ ਤਾਂ ਉਹ ਸੂਚਨਾ ਮਿਲਦੇ ਹੀ ਤੁਰੰਤ ਆਪਣੀ ਦੁਕਾਨ 'ਤੇ ਪਹੁੰਚਿਆ ਤਾਂ ਦੇਖਿਆ ਕਿ ਦੁਕਾਨ ਦੇ ਜਿੰਦਰੇ ਟੁੱਟੇ ਪਏ ਹਨ ਅਤੇ ਉਸ ਦੇ ਕਾਊਂਟਰ 'ਤੇ ਲੱਗੇ ਗੱਲੇ 'ਚ ਪਈ ਨਕਦੀ ਅਤੇ ਦੁਕਾਨ 'ਚ ਪਏ ਸਿੱਕੇ (ਭਾਨ) ਗ਼ਾਇਬ ਸੀ, ਜਿਸ ਕਾਰਨ ਉਸ ਦਾ 25 ਤੋਂ 30 ਹਜ਼ਾਰ ਰੁਪਏ ਦੇ ਕਰੀਬ ਨੁਕਸਾਨ ਹੋ ਗਿਆ। ਇਸੇ ਤਰ੍ਹਾਂ ਅੰਦਰਲੇ ਬੱਸ ਸਟੈਂਡ 'ਤੇ ਸਥਿਤ ਇਕ ਕਰਿਆਨੇ ਦੀ ਦੁਕਾਨ ਦੇ ਮਾਲਕ ਅਜੈ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਸ ਨੂੰ ਵੀ ਸਵੇਰ ਸਮੇਂ ਸੈਰ ਕਰ ਰਹੇ ਇਕ ਵਿਅਕਤੀ ਦਾ ਫ਼ੋਨ ਆਇਆ ਕਿ ਤੁਹਾਡੀ ਦੁਕਾਨ ਦਾ ਸ਼ਟਰ ਖੁੱਲ੍ਹਾ ਪਿਆ ਹੈ ਤਾਂ ਜਦ ਉਸ ਨੇ ਆ ਕੇ ਦੇਖਿਆ ਤਾਂ ਦੁਕਾਨ ਦੇ ਦੋਵੇਂ ਜਿੰਦਰੇ ਟੁੱਟੇ ਪਏ ਸਨ ਅਤੇ ਦਰਾਜ ਅੰਦਰ ਪਈ 25 ਹਜ਼ਾਰ ਰੁਪਏ ਦੇ ਕਰੀਬ ਨਕਦੀ ਗ਼ਾਇਬ ਸੀ। ਜਦ ਉਨ੍ਹਾਂ ਤੁਰੰਤ ਸੀ.ਸੀ.ਟੀ.ਵੀ ਕੈਮਰਿਆਂ ਦੀ ਫੁਟੇਜ ਦੇਖੀ ਤਾਂ ਇਕ ਚੋਰ ਲਗਭਗ ਸਵੇਰ ਦੇ ਕਰੀਬ 2 ਕੁ ਵਜੇ ਜਿੰਦਰੇ ਤੋੜਦਾ ਹੋਇਆ ਦਿਖਾਈ ਦਿੱਤਾ ਜਿਸ ਨੇ ਆਪਣਾ ਮੂੰਹ ਸਿਰ ਪੂਰੀ ਤਰ੍ਹਾਂ ਲਪੇਟਿਆ ਹੋਇਆ ਸੀ। ਇਸ ਤੋਂ ਇਲਾਵਾ ਚੋਰਾਂ ਨੇ ਬਾਹਰਲੇ ਬੱਸ ਸਟੈਂਡ 'ਤੇ ਸਥਿਤ ਇਕ ਫਲ ਫਰੂਟ ਦੀ ਦੁਕਾਨ ਦੇ ਸ਼ਟਰ ਦੇ ਜਿੰਦਰੇ ਭੰਨ ਕੇ 1200 ਰੁਪਏ ਦੇ ਕਰੀਬ ਨਗਦੀ ਚੋਰੀ ਕਰ ਕੇ ਲੈ ਗਏ, ਇਸ ਦੀ ਸੂਚਨਾ ਦੁਕਾਨ ਮਾਲਕ ਗੁਰਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦਿੱਤੀ। ਜਦ ਇਸ ਸਬੰਧੀ ਡੀ.ਐਸ.ਪੀ ਤਪਾ ਬਲਜੀਤ ਸਿੰਘ ਬਰਾੜ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਪੁਲਿਸ ਵਲੋਂ ਸੀ.ਸੀ.ਟੀ.ਵੀ ਕੈਮਰਿਆਂ ਦੀ ਫੁਟੇਜ ਖੰਘਾਲੀ ਜਾ ਰਹੀ ਹੈ, ਇਨ੍ਹਾਂ ਨਾਮਾਲੂਮ ਚੋਰਾਂ ਨੂੰ ਜਲਦ ਹੀ ਕਾਬੂ ਕਰ ਲਿਆ ਜਾਵੇਗਾ। ਦੱਸਣਯੋਗ ਹੈ ਕਿ ਕੁਝ ਦਿਨ ਪਹਿਲਾਂ ਗਊਸ਼ਾਲਾ ਰੋਡ 'ਤੇ ਚੋਰਾਂ ਨੇ ਇਕ ਕਬਾੜੀਏ ਦੀ ਦੁਕਾਨ 'ਚ ਚੋਰੀ ਦੀ ਘਟਨਾ ਨੂੰ ਅੰਜਾਮ ਦਿੱਤਾ ਸੀ ਪ੍ਰੰਤੂ ਪੁਲਿਸ ਉਸ ਘਟਨਾ ਨੂੰ ਵੀ ਲੱਭਣ 'ਚ ਅਸਫਲ ਰਹੀ ਹੈ। ਚੋਰੀ ਦੀਆਂ ਵਧ ਰਹੀਆਂ ਘਟਨਾਵਾਂ ਨੂੰ ਲੈ ਕੇ ਦੁਕਾਨਦਾਰਾਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

# ਜ਼ਿਲ੍ਹਾ ਸਿੱਖਿਆ ਅਫ਼ਸਰ ਲੁਧਿਆਣਾ ਨਾਲ ਕੀਤਾ ਦੁਰਵਿਵਹਾਰ ਬੇਹੱਦ ਮੰਦਭਾਗਾ-ਤੂਰ

ਬਰਨਾਲਾ, 3 ਜਨਵਰੀ (ਅਸ਼ੋਕ ਭਾਰਤੀ)-ਸ਼ਰਾਰਤੀ ਅਨਸਰਾਂ ਵਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ ਲੁਧਿਆਣਾ ਲਖਵੀਰ ਸਿੰਘ ਸਮਰਾ ਨਾਲ ਕੀਤੇ ਦੁਰਵਿਵਹਾਰ ਦੀ ਸਿੱਖਿਆ ਵਿਭਾਗ ਦੇ ਗਜ਼ਟਿਡ ਅਧਿਕਾਰੀਆਂ ਦੀ ਜਥੇਬੰਦੀ ਗੈਸਾ, ਅਧਿਆਪਕ ਜਥੇਬੰਦੀਆਂ ਅਤੇ ਹੋਰ ਕਰਮਚਾਰੀ ਜਥੇਬੰਦੀਆਂ ਵਲੋਂ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਗਈ ਹੈ। ਸਰਬਜੀਤ ਸਿੰਘ ਤੂਰ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਬਰਨਾਲਾ ਨੇ ਕਿਹਾ ਕਿ ਜ਼ਿਲ੍ਹਾ ਸਿੱਖਿਆ ਅਧਿਕਾਰੀ ਲੁਧਿਆਣਾ ਨਾਲ ਕੀਤਾ ਦੁਰਵਿਵਹਾਰ ਬੇਹੱਦ ਮੰਦਭਾਗਾ ਅਤੇ ਨਿੰਦਣਯੋਗ ਹੈ। ਉਨ੍ਹਾਂ ਇਸ ਕਾਰਵਾਈ ਦੀ ਆਲੋਚਨਾ ਕਰਦਿਆਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਰਾਜਵਿੰਦਰ ਕੌਰ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ, ਹਰਕੰਵਲਜੀਤ ਕੌਰ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਅਤੇ ਵਸੁੰਧਰਾ ਕਪਿਲਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਨੇ ਇਸ ਘਟੀਆ ਵਰਤਾਰੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਘਟੀਆ ਮਾਨਸਿਕਤਾ ਵਾਲੇ ਕੁੱਝ ਲੋਕਾਂ ਵਲੋਂ ਜ਼ਿਲ੍ਹਾ ਪੱਧਰੀ ਅਧਿਕਾਰੀ ਨਾਲ ਕੀਤੀ ਇਸ ਤਰ੍ਹਾਂ ਦੀ ਕਾਰਵਾਈ ਸਰਕਾਰੀ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਸੁਰੱਖਿਆ 'ਤੇ ਪ੍ਰਸ਼ਨ ਚਿੰਨ੍ਹ ਹੈ। ਸਿੱਖਿਆ ਅਧਿਕਾਰੀਆਂ ਨੇ ਕਿਹਾ ਕਿ ਨਿੱਜੀ ਹਿਤਾਂ ਦੀ ਪੂਰਤੀ ਨਾ ਹੋਣ 'ਤੇ ਇਸ ਤਰ੍ਹਾਂ ਦੀ ਘਟੀਆ ਹਰਕਤ ਕਰਨ ਵਾਲੇ ਕਥਿਤ ਦੋਸ਼ੀ ਵਿਅਕਤੀਆਂ ਨੂੰ ਸਜ਼ਾਵਾਂ ਦਿਵਾਉਣ ਲਈ ਉਹ ਪੀੜਤ ਅਧਿਕਾਰੀ ਦੇ ਨਾਲ ਚਟਾਨ ਵਾਂਗ ਡਟ ਕੇ ਖੜ੍ਹੇ ਹਨ। ਪ੍ਰਿੰਸੀਪਲ ਇਕਬਾਲ ਕੌਰ ਉਦਾਸੀ, ਪ੍ਰਿੰਸੀਪਲ ਦਰਸ਼ਨ ਸਿੰਘ, ਪ੍ਰਿੰਸੀਪਲ ਖ਼ੁਸ਼ਦੀਪ ਗੋਇਲ,ਪ੍ਰਿੰਸੀਪਲ ਸੰਜੇ ਸਿੰਗਲਾ, ਮਨਪਾਲ ਸਿੰਘ ਐਲ.ਏ ਅਤੇ ਹਰਵਿੰਦਰ ਸਿੰਘ ਐਲ.ਏ ਸਮੇਤ ਜ਼ਿਲ੍ਹੇ ਦੇ ਸਮੂਹ ਪ੍ਰਿੰਸੀਪਲਾਂ ਨੇ ਇਸ ਘਟਨਾ ਦੀ ਕਰੜੇ ਸ਼ਬਦਾਂ 'ਚ ਨਿਖੇਧੀ ਕਰਦਿਆਂ ਸਮੂਹ ਇਨਸਾਫ਼ ਪਸੰਦ ਵਿਅਕਤੀਆਂ ਅਤੇ ਸੰਸਥਾਵਾਂ ਨੂੰ ਵੀ ਇਸ ਤਰ੍ਹਾਂ ਦੀਆਂ ਘਟੀਆ ਹਰਕਤਾਂ ਰਾਹੀਂ ਸਮਾਜ ਦਾ ਅਕਸ ਵਿਗਾੜਨ ਵਾਲੇ ਦੋਸ਼ੀਆਂ ਖ਼ਿਲਾਫ਼ ਡਟਣ ਦੀ ਅਪੀਲ ਕਰਦਿਆਂ ਇਨਸਾਫ਼ ਪ੍ਰਾਪਤੀ ਤੱਕ ਸਹਿਯੋਗ ਦੀ ਮੰਗ ਕੀਤੀ।

## ਪ੍ਰਕਾਸ਼ ਪੁਰਬ ਨੂੰ ਸਮਰਪਿਤ ਚਾਰ ਰੋਜ਼ਾ ਸਮਾਗਮ 6 ਤੋਂ

ਮਹਿਲ ਕਲਾਂ, 3 ਜਨਵਰੀ (ਅਵਤਾਰ ਸਿੰਘ ਅਣਖੀ)-ਪਿੰਡ ਕੁਤਬਾ ਵਿਖੇ ਪੁਰਾਣੀ ਸ਼ਹੀਦੀ ਯਾਦਗਾਰ ਅਤਿ ਵੱਡਾ ਘੱਲੂਘਾਰਾ ਵਿਖੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਚਾਰ ਰੋਜ਼ਾ ਧਾਰਮਿਕ ਸਮਾਗਮ 6 ਜਨਵਰੀ ਤੋਂ 9 ਜਨਵਰੀ ਤੱਕ ਲੋਕਲ ਕਮੇਟੀ ਵਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਲ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਮੇਟੀ ਪ੍ਰਧਾਨ ਜਗਜੀਤ ਸਿੰਘ, ਮੀਤ ਪ੍ਰਧਾਨ ਹਾਕਮ ਸਿੰਘ, ਖ਼ਜ਼ਾਨਚੀ ਗੁਰਮੀਤ ਸਿੰਘ, ਮਾ: ਕਰਨੈਲ ਸਿੰਘ, ਹਰਜੀਤ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 8 ਜਨਵਰੀ ਨੂੰ ਪੈਣਗੇ, 9 ਜਨਵਰੀ ਨੂੰ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ।

# ਪਹਿਲੇ ਦਿਨ 15 ਤੋਂ 18 ਸਾਲ ਤੱਕ ਦੇ 20 ਬੱਚਿਆਂ ਦੇ ਲੱਗੀ ਕੋਰੋਨਾ ਵੈਕਸੀਨ

## ਕੋਰੋਨਾ ਵੈਕਸੀਨ ਲਗਵਾਉਣਾ ਸਭ ਲਈ ਜ਼ਰੂਰੀ-ਡਾ: ਕੌਸ਼ਲ



ਜਾਣਕਾਰੀ ਦਿੰਦੇ ਹੋਏ ਸਿਵਲ ਸਰਜਨ ਡਾ: ਤਪਿੰਦਰਜੋਤ ਕੌਸ਼ਲ। ਤਸਵੀਰ : ਰਿੰਪੀ ਸਟੂਡੀਓ

ਬਰਨਾਲਾ, 3 ਜਨਵਰੀ (ਰਾਜ ਪਨੇਸਰ)-ਦੇਸ਼ ਭਰ ਵਿਚ ਵੱਧ ਰਹੇ ਉਮੀਕਰੋਨ ਕੋਰੋਨਾ ਮਹਾਂਮਾਰੀ ਦੇ ਖ਼ਤਰੇ ਨੂੰ ਦੇਖਦੇ ਹੋਏ ਸਰਕਾਰਾਂ ਅਤੇ ਸਿਹਤ ਵਿਭਾਗ ਵਲੋਂ ਜਿੱਥੇ ਕੋਰੋਨਾ ਵੈਕਸੀਨ ਲਗਵਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਉੱਥੇ ਹੀ ਅੱਜ 15 ਤੋਂ 18 ਸਾਲ ਤੱਕ ਦੇ ਬੱਚਿਆਂ ਦੇ ਕੋਰੋਨਾ ਵੈਕਸੀਨ ਲੱਗਣ ਦਾ ਪਹਿਲਾ ਦਿਨ ਸੀ। ਪਹਿਲੇ ਦਿਨ ਬਰਨਾਲਾ ਦੇ ਪੀ.ਪੀ. ਯੂਨਿਟ ਵਿਖੇ 20 ਬੱਚਿਆਂ ਨੇ ਕੋਰੋਨਾ ਵੈਕਸੀਨ ਲਗਵਾਈ। ਜਾਣਕਾਰੀ ਦਿੰਦਿਆਂ ਸਿਵਲ ਸਰਜਨ ਬਰਨਾਲਾ ਡਾ: ਤਪਿੰਦਰਜੋਤ ਕੌਸ਼ਲ ਨੇ ਦੱਸਿਆ ਕਿ ਅੱਜ ਬਰਨਾਲਾ ਵਿਖੇ ਵੀ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵਲੋਂ ਆਈਆਂ ਹਦਾਇਤਾਂ ਅਨੁਸਾਰ 15 ਤੋਂ 18 ਸਾਲ ਦੇ ਬੱਚਿਆਂ ਦੇ ਵੈਕਸੀਨ ਲਗਵਾਉਣ ਦੀ ਸ਼ੁਰੂਆਤ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਬੱਚਿਆਂ ਦੇ ਕੋਵੇਕਸੀਨ (ਕੋਰੋਨਾ ਵੈਕਸੀਨ) ਲਗਾਈ ਗਈ। ਉਨ੍ਹਾਂ ਕਿਹਾ ਕਿ ਪਿੰਡਾਂ ਤੇ ਸ਼ਹਿਰ ਵਿਚ ਅਜੇ ਪਤਾ ਨਹੀਂ ਲੱਗਿਆ ਅਤੇ ਕਿਹਾ ਕਿ ਟੀਮਾਂ ਬਣਾਈਆਂ ਜਾ ਰਹੀਆਂ ਹਨ ਜੋ ਕਿ ਸ਼ਹਿਰ ਅਤੇ ਪਿੰਡਾਂ ਵਿਚ ਜਾ ਕੇ ਜਾਗਰੂਕ ਕਰਨਗੀਆਂ। ਉਨ੍ਹਾਂ ਸਮੂਹ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਆਪ ਅਤੇ ਬੱਚਿਆਂ ਦੇ ਕੋਰੋਨਾ ਵੈਕਸੀਨ ਜ਼ਰੂਰ ਲਗਵਾਉ ਤਾਂ ਜੋ ਅਸੀਂ ਸੁਰੱਖਿਅਤ ਰਹਿ ਸਕੀਏ।



ਸੰਤ ਬਾਬਾ ਲੌਂਗਪੁਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਪੱਖੋ ਕਲਾਂ ਵਿਖੇ ਧਾਰਮਿਕ ਸਮਾਗਮ ਦੌਰਾਨ ਹਾਜ਼ਰੀਨ ਨੂੰ ਸੰਬੋਧਨ ਕਰਦੇ ਹੋਏ ਸੰਤ ਚਰਨਪੁਰੀ ਤੇ ਨਾਲ ਪ੍ਰਬੰਧਕ। ਤਸਵੀਰ : ਗੁਰਪ੍ਰੀਤ ਸਿੰਘ ਕਾਹਨੇਕੇ

# ਸੰਤ ਲੌਂਗਪੁਰੀ ਸਕੂਲ ਪਖੇ ਕਲਾਂ ਵਿਖੇ ਧਾਰਮਿਕ ਸਮਾਗਮ ਕਰਵਾਇਆ

ਰੂੜੇਕੇ ਕਲਾਂ, 3 ਜਨਵਰੀ (ਗੁਰਪ੍ਰੀਤ ਸਿੰਘ ਕਾਹਨੇਕੇ)-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਸੰਤ ਬਾਬਾ ਲੌਂਗਪੁਰੀ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਪੱਖੋ ਕਲਾਂ ਵਿਖੇ ਸੰਸਥਾ ਦੇ ਪ੍ਰਧਾਨ ਸੰਤ ਬਾਬਾ ਚਰਨਪੁਰੀ, ਐਮ.ਡੀ. ਮੈਡਮ ਕਰਮਜੀਤ ਕੌਰ ਦੇਵਾ ਦੀ ਅਗਵਾਈ ਵਿਚ ਨਵੇ ਸਾਲ ਦੀ ਆਮਦ ਨੂੰ ਮੁੱਖ ਰੱਖਦਿਆਂ ਧਾਰਮਿਕ ਸਮਾਗਮ ਕਰਵਾਇਆ ਗਿਆ। ਧਾਰਮਿਕ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਸੰਸਥਾ ਦੇ ਵਿਦਿਆਰਥੀਆਂ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਰਬੱਤ ਦੇ ਭਲੇ ਦੀ ਅਰਦਾਸ ਕਰਨ ਉਪਰੰਤ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸੰਤ ਚਰਨਪੁਰੀ ਨੇ ਕਿਹਾ ਕਿ ਸਾਨੂੰ ਸਮਾਜ ਤੇ ਮਨੁੱਖਤਾ ਦੀ ਭਲਾਈ, ਕੁਦਰਤੀ ਸੋਮਿਆਂ ਦੀ ਰੱਖਿਆ ਲਈ ਹਮੇਸ਼ਾ ਯਤਨ ਕਰਨੇ ਚਾਹੀਦੇ ਹਨ। ਸਰਬੱਤ ਦੇ ਭਲੇ ਦੇ ਕਾਰਜਾਂ ਵਿਚ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਗੁਰਬਾਣੀ ਅਨੁਸਾਰ ਆਪਣਾ ਜੀਵਨ ਬਤੀਤ ਕਰ ਕੇ ਸਮਾਜ ਪ੍ਰਤੀ ਆਪਣੇ ਫ਼ਰਜ਼ਾਂ ਨੂੰ ਬਾਖ਼ੂਬੀ ਨਿਭਾਉਣਾ ਚਾਹੀਦਾ ਹੈ। ਇਸ ਮੌਕੇ ਸੰਤ ਲੌਂਗਪੁਰੀ ਟਰੱਸਟ ਦੇ ਮੈਂਬਰ ਅਹੁਦੇਦਾਰਾਂ ਤੋਂ ਇਲਾਵਾ ਵਿਦਿਆਰਥੀ ਤੇ ਅਧਿਆਪਕ ਹਾਜ਼ਰ ਸਨ।

# ਜਨਤਕ ਥਾਵਾਂ 'ਤੇ ਮਾਸਕ ਪਾਉਣਾ ਲਾਜ਼ਮੀ-ਵਧੀਕ ਜ਼ਿਲ੍ਹਾ ਮੈਜਿਸਟ੍ਰੇਟ

ਬਰਨਾਲਾ, 3 ਜਨਵਰੀ (ਗੁਰਪ੍ਰੀਤ ਸਿੰਘ ਲਾਡੀ)-ਕੋਵਿਡ-19 ਸਬੰਧੀ ਪੰਜਾਬ ਸਰਕਾਰ, ਗ੍ਰਹਿ ਮਾਮਲੇ ਨਿਆਂ ਵਿਭਾਗ (ਗ੍ਰਹਿ-4 ਸ਼ਾਖਾ) ਵਲੋਂ ਪੱਤਰ ਨੰਬਰ: 7/56/2020/1 ਮਿਤੀ 1 ਜਨਵਰੀ 2022 ਰਾਹੀਂ ਪ੍ਰਾਪਤ ਹੋਈਆਂ ਹਦਾਇਤਾਂ ਦੀ ਰੌਸ਼ਨੀ ਵਿਚ ਵਧੀਕ ਜ਼ਿਲ੍ਹਾ ਮੈਜਿਸਟਰੇਟ ਬਰਨਾਲਾ ਵਰਜੀਤ ਵਾਲੀਆ ਵਲੋਂ ਸੀ.ਆਰ.ਪੀ.ਸੀ. 1973 ਦੀ ਧਾਰਾ 144 ਅਤੇ ਕੌਮੀ ਆਫਤ ਪ੍ਰਬੰਧਨ ਐਕਟ 2005 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਜਾਰੀ ਹੋਏ ਹੁਕਮ ਨੰਬਰ 516/ਐਮ.ਏ ਮਿਤੀ 01/12/2021 ਅਤੇ ਹੁਕਮ ਨੰਬਰ: 522/ਐਮ.ਏ. ਮਿਤੀ 17/12/2021 ਵਿਚ ਦਰਜ ਹਦਾਇਤਾਂ ਤੋਂ ਇਲਾਵਾ ਕੋਵਿਡ-19 ਸਬੰਧੀ ਹੋਰ ਹਦਾਇਤਾਂ ਲਾਗੂ ਕੀਤੀਆਂ ਗਈਆਂ ਹਨ। ਇਨ੍ਹਾਂ ਹਦਾਇਤਾਂ ਤਹਿਤ ਸਮੂਹ ਜਨਤਕ ਥਾਵਾਂ, ਕੰਮ ਵਾਲੀਆਂ ਥਾਵਾਂ ਤੇ ਟਰਾਂਸਪੋਰਟ ਦੌਰਾਨ ਮਾਸਕ ਪਾਉਣਾ ਲਾਜ਼ਮੀ ਹੋਵੇਗਾ। ਸਮੂਹ ਜਨਤਕ ਥਾਵਾਂ 'ਤੇ ਘੱਟੋ-ਘੱਟ 6 ਫੁੱਟ ਦੀ ਸਮਾਜਿਕ ਦੂਰੀ (2 ਗਜ਼ ਦੀ ਦੂਰੀ) ਬਣਾਈ ਰੱਖਣਾ ਲਾਜ਼ਮੀ ਹੋਵੇਗਾ। ਇਸ ਸਬੰਧੀ ਸਮੂਹ ਦੁਕਾਨਦਾਰ ਯਕੀਨੀ ਬਣਾਉਣਗੇ ਕਿ ਗ੍ਰਾਹਕ ਆਪਸ ਵਿਚ ਉਕਤ ਅਨੁਸਾਰ ਸਮਾਜਿਕ ਦੂਰੀ ਬਣਾਈ ਰੱਖਣ।



ਕਸਬਾ ਭਦੌੜ ਦੇ ਬੱਸ ਸਟੈਂਡ ਵਿਖੇ ਭਾਰਤੀ ਕਿਸਾਨ ਉਗਰਾਹਾਂ ਦੇ ਆਗੂ ਮੋਦੀ ਸਰਕਾਰ ਦੀ ਅਰਥੀ ਫੂਕਦੇ ਹੋਏ। ਤਸਵੀਰ : ਵਿਨੋਦ ਕਲਸੀ

# ਮੋਦੀ ਦੀ ਰੈਲੀ ਦੇ ਵਿਰੋਧ 'ਚ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਨੇ ਅਰਥੀ ਸਾੜੀ

ਭਦੌੜ, 3 ਜਨਵਰੀ (ਵਿਨੋਦ ਕਲਸੀ, ਰਜਿੰਦਰ ਬੱਤਾ)-ਭਾਰਤੀ ਕਿਸਾਨ ਯੂਨੀਅਨ ਭਦੌੜ ਵਲੋਂ ਅੱਜ ਬੱਸ ਸਟੈਂਡ ਭਦੌੜ ਵਿਖੇ ਮੋਦੀ ਸਰਕਾਰ ਦੀ ਅਰਥੀ ਸਾੜੀ ਗਈ। ਬਲਾਕ ਆਗੂ ਗੁਰਚਰਨ ਸਿੰਘ ਧਾਲੀਵਾਲ ਨੇ ਕਿਹਾ ਮੋਦੀ ਸਰਕਾਰ ਨੇ ਸੰਯੁਕਤ ਕਿਸਾਨ ਮੋਰਚੇ ਨਾਲ ਕੀਤੇ ਗਏ ਵਾਅਦੇ ਪੂਰੇ ਨਹੀਂ ਕੀਤੇ ਗਏ। ਉਨ੍ਹਾਂ ਕਿਹਾ ਮੋਦੀ ਸਰਕਾਰ ਨੇ ਬੇਸ਼ੱਕ ਕਾਲੇ ਕਾਨੂੰਨ ਵਾਪਸ ਲਏ ਹਨ ਪਰ ਦੂਜੀਆਂ ਮੰਗਾਂ ਤੋਂ ਭੱਜ ਰਹੇ ਹਨ। ਮੋਦੀ ਨੇ ਕਿਹਾ ਸੀ ਕਿ ਐਮ.ਐਸ.ਪੀ. 'ਤੇ ਕਮੇਟੀ ਬਣਾਵਾਂਗੇ ਜੋ ਜਲਦੀ ਰਿਪੋਰਟ ਪੇਸ਼ ਕਰੇਗੀ। ਇਸ ਤੋਂ ਇਲਾਵਾ ਲਖਮੀਰਪੁਰਖੀਰੀ ਵਿਚ ਵਾਪਰੀਆਂ ਘਟਨਾ 'ਤੇ ਦੋਸ਼ੀਆਂ 'ਤੇ ਸਰਕਾਰ ਕਾਰਵਾਈ ਨਹੀਂ ਕਰ ਰਹੀ ਹੈ ਅਤੇ ਨਾ ਹੀ ਸ਼ਹੀਦ ਹੋਏ ਕਿਸਾਨਾਂ ਨੂੰ ਮੁਆਵਜ਼ਾ ਦਿੱਤਾ ਹੈ ਅਤੇ ਫ਼ਿਰੋਜ਼ਪੁਰ ਵਿਖੇ 5 ਜਨਵਰੀ ਨੂੰ ਕੀਤੀ ਜਾ ਰਹੀ ਰੈਲੀ ਦਾ ਵਿਰੋਧ ਕਰ ਰਹੇ ਹਾਂ ਜਿਸ ਦੇ ਰੋਸ ਵਜੋਂ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਸੱਦੇ 'ਤੇ ਪਿੰਡ ਪਿੰਡ ਵਿਚ ਮੋਦੀ ਸਰਕਾਰ ਦੀ ਅਰਥੀਆਂ ਸਾੜੀਆਂ ਜਾ ਰਹੀਆਂ ਹਨ। ਇਸ ਮੌਕੇ ਹਰਦੇਵ ਸਿੰਘ ਜੰਗੀਆਣਾ, ਜਰਨੈਲ ਸਿੰਘ, ਰਾਜਵਿੰਦਰ ਸਿੰਘ, ਅਜੈਬ ਸਿੰਘ, ਬਾਬੂ ਸਿੰਘ ਸਰਾਂ, ਹਰਨੇਕ ਸਿੰਘ, ਜੀਤਾ ਸਿੰਘ, ਮੱਖਣ ਸਿੰਘ, ਸਾਧੂ ਸਿੰਘ, ਬਲਦੇਵ ਸਿੰਘ, ਜੱਗਾ ਭੂੰਦੜ, ਜਸਵੀਰ ਸਿੰਘ ਮਿੰਟੂ, ਜੱਗਾ ਢੁੱਡਾ, ਭੋਲਾ ਸਿੰਘ ਗਿੱਲ ਇਕਾਈ ਪ੍ਰਧਾਨ, ਬੀਬੀ ਕਰਮਜੀਤ ਕੌਰ, ਗੁਰਜੀਤ ਕੌਰ, ਦਲਜੀਤ ਕੌਰ, ਸੁਰਜੀਤ ਕੌਰ, ਮਨਜੀਤ ਕੌਰ, ਬਲਜਿੰਦਰ ਕੌਰ, ਜਸਮੇਲ ਕੌਰ, ਜਰਨੈਲ ਕੌਰ, ਸੁਰਜੀਤ ਕੌਰ, ਬਲਵਿੰਦਰ ਕੌਰ, ਅਮਰਜੀਤ ਕੌਰ, ਜਸਮੇਲ ਕੌਰ, ਹਰਦੀਪ ਕੌਰ, ਬਿੰਦਰਪਾਲ ਬਲਾਕ ਆਦਿ ਹਾਜ਼ਰ ਸਨ।



ਨਵਜੋਤ ਸਿੰਘ ਸਿੱਧੂ ਦੀ ਆਮਦ ਕੱਚੇ ਸਿਹਤ ਮੁਲਾਜ਼ਮ ਰੋਸ਼ ਜਾਹਿਰ ਕਰਦੇ ਹੋਏ। ਤਸਵੀਰ : ਸੁਰੇਸ਼ ਗੋਗੀ

# ਗੁਰਦੁਆਰਾ ਪਾਤਸ਼ਾਹੀ ਨੌਵੀਂ ਸੇਖਾ ਵਿਖੇ ਸਾਲਾਨਾ ਜੋੜ ਮੇਲਾ 5 ਤੋਂ

ਬਰਨਾਲਾ, 3 ਜਨਵਰੀ (ਗੁਰਪ੍ਰੀਤ ਸਿੰਘ ਲਾਡੀ)-ਗੁਰਦੁਆਰਾ ਸਾਹਿਬ ਗੁਰੂ ਸਰ ਪਾਤਸ਼ਾਹੀ ਨੌਵੀਂ ਸੇਖਾ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 70ਵਾਂ ਸਾਲਾਨਾ ਜੋੜ ਮੇਲਾ ਮਿਤੀ 5 ਤੋਂ 7 ਜਨਵਰੀ ਤੱਕ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁ: ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਹਿੰਦਰ ਸਿੰਘ ਸੱਗੂ ਅਤੇ ਮੈਨੇਜਰ ਅਜੀਤ ਸਿੰਘ ਨੇ ਦੱਸਿਆ ਕਿ 5 ਜਨਵਰੀ ਨੂੰ ਸ੍ਰੀ ਅਖੰਡ ਪਾਠ ਸਾਹਿਬ ਪ੍ਰਕਾਸ਼ ਕਰਵਾਏ ਜਾਣਗੇ ਉਪਰੰਤ ਸਵੇਰੇ 10 ਵਜੇ ਨਗਰ ਕੀਰਤਨ ਸਜਾਇਆ ਜਾਵੇਗਾ। 6 ਅਤੇ 7 ਜਨਵਰੀ ਨੂੰ ਧਾਰਮਿਕ ਸਜਾਏ ਜਾਣਗੇ, ਜਿਸ ਵਿਚ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰੀ ਜੱਥੇ ਗੁਰਬਾਣੀ ਕੀਰਤਨ ਅਤੇ ਗੁਰ ਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਤੋਂ ਇਲਾਵਾ ਦੋਵੇਂ ਦਿਨ ਮੁਫ਼ਤ ਮੈਡੀਕਲ ਕੈਂਪ ਅਤੇ ਖ਼ੂਨਦਾਨ ਕੈਂਪ ਵੀ ਲਗਾਇਆ ਜਾਵੇਗਾ।



ਸ਼ਹਿਨਾ ਵਿਖੇ ਰੈਲੀ ਤੋਂ ਪਹਿਲਾਂ ਹਲਕਾ ਵਿਧਾਇਕ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਕਾਂਗਰਸੀ ਆਗੂ। ਤਸਵੀਰ : ਸੁਰੇਸ਼ ਗੋਗੀ

# ਭਦੌੜ ਹਲਕੇ ਤੋਂ ਟਿਕਟ ਦੇ ਦਾਅਵੇਦਾਰ ਕਾਂਗਰਸੀ ਆਗੂਆਂ ਨੇ ਹਲਕਾ ਵਿਧਾਇਕ ਖ਼ਿਲਾਫ਼ ਕੀਤਾ ਰੋਸ ਜ਼ਾਹਰ

ਸ਼ਹਿਣਾ, 3 ਜਨਵਰੀ (ਸੁਰੇਸ਼ ਗੋਗੀ)-ਹਲਕਾ ਭਦੌੜ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਸਮੁੱਚੇ ਹੀ ਆਗੂਆਂ ਨੇ ਹਲਕਾ ਵਿਧਾਇਕ ਪਿਰਮਲ ਸਿੰਘ ਧੌਲਾ ਖ਼ਿਲਾਫ਼ ਨਵਜੋਤ ਸਿੰਘ ਸਿੱਧੂ ਦੀ ਰੈਲੀ ਸ਼ੁਰੂ ਹੋਣ ਤੋਂ ਪਹਿਲਾਂ ਰੋਸ ਜ਼ਾਹਰ ਕੀਤਾ। ਇਸ ਮੌਕੇ ਬੀਬੀ ਸੁਰਿੰਦਰ ਕੌਰ ਬਾਲੀਆ, ਗੁਰਪ੍ਰੀਤ ਸਿੰਘ ਲੱਕੀ ਪੱਖੋਂ, ਬੀਬੀ ਸੁਖਜੀਤ ਕੌਰ ਸੁੱਖੀ, ਪਰਮਜੀਤ ਸਿੰਘ ਮੌੜ, ਜਗਤਾਰ ਸਿੰਘ ਧਨੌਲਾ ਆਦਿ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਰੈਲੀ ਹੈ, ਪਰ ਹਲਕਾ ਵਿਧਾਇਕ ਇੱਥੇ ਆਪਣੇ ਪਿਛਲੇ ਸਮੇਂ ਦੌਰਾਨ ਸਾਥੀ ਰਹੇ 'ਆਪ' ਪਾਰਟੀ ਦੇ ਆਗੂਆਂ ਤੇ ਵਰਕਰਾਂ ਨੂੰ ਤਰਜੀਹ ਦੇ ਰਿਹਾ ਹੈ। ਸਟੇਜ 'ਤੇ 'ਆਪ' ਪਾਰਟੀ ਦੇ ਵਰਕਰਾਂ ਦਾ ਦਬਦਬਾ ਤੇ ਬੋਲਬਾਲਾ ਹੈ, ਜਦਕਿ ਕਾਂਗਰਸੀ ਆਗੂਆਂ ਦਾ ਸਟੇਜ 'ਤੇ ਬੈਠਣ ਦਾ ਲਿਸਟ ਵਿਚ ਨਾਮ ਨਹੀਂ। ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ 'ਆਪ' ਪਾਰਟੀ ਦਾ ਹਾਲੇ ਤੱਕ ਨੁਮਾਇੰਦਾ ਹੈ। ਜਿਸ ਨੇ ਆਪਣੀ ਉਸ ਪਾਰਟੀ ਨਾਲੋਂ ਨਾਤਾ ਨਹੀਂ ਤੋੜਿਆ, ਕਿਉਂਕਿ ਨਾ ਤਾਂ ਹਲਕਾ ਵਿਧਾਇਕ ਨੇ ਕਾਂਗਰਸ ਪਾਰਟੀ ਦੀ ਮੈਂਬਰਸ਼ਿਪ ਲਈ ਹੈ ਅਤੇ ਨਾ ਹੀ ਇਸ ਨੂੰ ਕਾਂਗਰਸੀ ਵਰਕਰ ਮੰਨਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਮੁੱਚੇ ਆਗੂ ਮੰਗ ਕਰਦੇ ਹਨ, ਕਿ ਕਿਸੇ ਹੋਰ ਪਾਰਟੀ ਵਿਚੋਂ ਆਏ ਵਿਧਾਇਕ ਧੌਲਾ ਨੂੰ ਟਿਕਟ ਨਾ ਦਿੱਤੀ ਜਾਵੇ ਅਤੇ ਪਾਰਟੀ ਵਿਚ ਲੰਬੇ ਸਮੇਂ ਤੋਂ ਕੰਮ ਕਰਦੇ ਆ ਰਹੇ ਕਿਸੇ ਕਾਂਗਰਸੀ ਨੁਮਾਇੰਦੇ ਨੂੰ ਟਿਕਟ ਦਿੱਤੀ ਜਾਵੇ, ਤਾਂ ਜੋ ਸਮੁੱਚੇ ਟਿਕਟ ਦੇ ਦਾਅਵੇਦਾਰ ਉਕਤ ਟਕਸਾਲੀ ਕਾਂਗਰਸੀ ਦੀ ਮਦਦ ਕਰ ਕੇ ਉਸ ਨੂੰ ਜਿਤਾ ਕੇ ਵਿਧਾਨ ਸਭਾ ਵਿਚ ਭੇਜ ਸਕਣ। ਇਸ ਸਮੇਂ ਸਮੁੱਚੇ ਆਗੂਆਂ ਨੇ ਹਲਕਾ ਵਿਧਾਇਕ ਰੋਸ ਜ਼ਾਹਰ ਕੀਤਾ। ਇਸ ਮੌਕੇ ਮਹਿੰਦਰਪਾਲ ਸਿੰਘ ਪੱਖੋਂ, ਮਲਕੀਤ ਕੌਰ ਸਹੋਤਾ, ਮਨਵਿੰਦਰ ਕੌਰ ਪੱਖੋਂ, ਜਸਪਾਲ ਕੌਰ ਦਿਉਲ, ਗੁਰਸੇਵਕ ਸਿੰਘ ਨੈਣੇਵਾਲੀਆਂ, ਗੁਰਦੀਪ ਦਾਸ ਬਾਵਾ, ਹਰਪ੍ਰੀਤ ਸਿੰਘ ਨੈਣੇਵਾਲੀਆਂ, ਰਾਜਵਿੰਦਰ ਸਿੰਘ ਸੀਤਲ, ਸੁਰਜੀਤ ਸਿੰਘ ਭਗਤਪੁਰਾ ਆਦਿ ਵੀ ਹਾਜ਼ਰ ਸਨ।

# ਦੜਾ ਸੱਟਾ ਲਗਾਉਂਦੇ ਦੋ ਵਿਅਕਤੀ ਨਕਦੀ ਸਮੇਤ ਕਾਬੂ

ਬਰਨਾਲਾ, 3 ਜਨਵਰੀ (ਰਾਜ ਪਨੇਸਰ)-ਥਾਣਾ ਸਿਟੀ-1 ਪੁਲਿਸ ਵਲੋਂ ਦੋ ਵਿਅਕਤੀਆਂ ਨੂੰ 2390 ਰੁਪਏ ਦੀ ਨਗਦੀ ਸਮੇਤ ਦੜਾ ਸੱਟਾ ਲਗਾਉਂਦਿਆਂ ਨੂੰ ਕਾਬੂ ਕੀਤਾ ਗਿਆ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਨੇ ਦੱਸਿਆ ਕਿ ਐਸ.ਐਸ.ਪੀ. ਸ੍ਰੀਮਤੀ ਅਲਕਾ ਮੀਨਾ ਦੀਆਂ ਸਖ਼ਤ ਹਦਾਇਤਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਅੰਦਰ ਮਾੜੇ ਅਨਸਰਾਂ ਨੂੰ ਕਿਸੇ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਇਸ ਮੁਹਿੰਮ ਤਹਿਤ ਸੂਚਨਾ ਮਿਲੀ ਕਿ ਕੁਝ ਵਿਅਕਤੀ ਵੱਡੇ ਪੱਧਰ 'ਤੇ ਦੜਾ ਸੱਟਾ ਲਗਵਾ ਰਹੇ ਹਨ ਤਾਂ ਪੂਰੀ ਟੀਮ ਸਮੇਤ ਹੰਡਿਆਇਆ ਬਾਜ਼ਾਰ ਵਿਚ ਨਰੇਸ਼ ਕੁਮਾਰ ਰਿੰਕੂ ਪੁੱਤਰ ਮੱਲਾ ਰਾਮ ਵਾਸੀ ਬਰਨਾਲਾ, ਗੌਰਵ ਸ਼ਰਮਾ ਪੁੱਤਰ ਮੋਹਨ ਲਾਲ ਵਾਸੀ ਬਰਨਾਲਾ ਨੂੰ 2390 ਰੁਪਏ ਦੀ ਨਗਦੀ ਸਮੇਤ ਗ੍ਰਿਫ਼ਤਾਰ ਕਰ ਕੇ ਮਾਮਲਾ ਦਰਜ ਕਰਦਿਆਂ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸਿਹਤ ਵਿਭਾਗ ਦੇ ਕੱਚੇ ਮੁਲਾਜ਼ਮਾਂ ਨੇ ਨਵਜੋਤ ਸਿੰਘ ਸਿੱਧੂ ਖ਼ਿਲਾਫ਼ ਕੀਤੀ ਨਾਅਰੇਬਾਜੀ

ਸ਼ਹਿਣਾ, 3 ਜਨਵਰੀ (ਸੁਰੇਸ਼ ਗੋਗੀ)-ਸਿਹਤ ਵਿਭਾਗ ਦੇ ਕੱਚੇ ਮੁਲਾਜਮਾਂ ਨੇ ਆਪਣੇ ਚੱਲ ਰਹੇ ਸੰਘਰਸ ਤਹਿਤ ਸ਼ਹਿਣਾ ਵਿਖੇ ਪਹੁੰਚੇ ਨਵਜੋਤ ਸਿੰਘ ਸਿੱਧੂ ਸੂਬਾ ਪ੍ਰਧਾਨ ਕਾਂਗਰਸ ਕਮੇਟੀ ਖ਼ਿਲਾਫ਼ ਅਤੇ ਸੂਬਾ ਸਰਕਾਰ ਖ਼ਿਲਾਫ਼ ਰੋਸ਼ ਜ਼ਾਹਰ ਕਰਦਿਆਂ ਨਾਅਰੇਬਾਜੀ ਕੀਤੀ। ਇਸ ਮੌਕੇ ਕਮਲਜੀਤ ਕੌਰ ਪੱਤੀ ਜ਼ਿਲ੍ਹਾ ਪ੍ਰਧਾਨ ਅਤੇ ਸੁਖਵਿੰਦਰ ਸਿੰਘ ਢਿੱਲਵਾਂ ਨੇ ਕਿਹਾ ਕਿ ਉਨ੍ਹਾਂ ਦੀਆਂ ਸੇਵਾਵਾਂ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ। ਰੈਲੀ ਵਾਲੀ ਥਾਂ 'ਤੇ ਗੇਟ ਨੂੰ ਘੇਰਦੇ ਹੋਏ ਵੱਡੀ ਗਿਣਤੀ ਵਿਚ ਪਹੁੰਚੇ ਐਨ.ਐਚ.ਐਮ ਇੰਪਲਾਇਜ਼ ਯੂਨੀਅਨ ਦੇ ਵਰਕਰਾਂ ਨੂੰ ਸੰਬੋਧਨ ਦੌਰਾਨ ਉਕਤ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਕੱਚੇ ਕਾਮਿਆਂ ਨੂੰ ਪੱਕੇ ਕਰਨ ਦਾ ਐਲਾਨ ਤਾਂ ਕਰ ਰਹੀ ਹੈ, ਪਰ ਉਨ੍ਹਾਂ ਨੂੰ ਪੱਕੇ ਨਹੀ ਕੀਤਾ ਜਾ ਰਿਹਾ। ਸਰਕਾਰ ਦੀ ਵਾਅਦਾ ਖ਼ਿਲਾਫ਼ੀ ਦੇ ਵਿਰੋਧ ਵਿਚ ਕੱਚੇ ਸਿਹਤ ਮੁਲਾਜਮ ਤਿੱਖੇ ਸੰਘਰਸ਼ ਨੂੰ ਲੈ ਕੇ ਤੁਰੇ ਹੋਏ ਹਨ ਅਤੇ ਹਰ ਥਾਂ ਉਹ ਸੱਤਾਧਾਰੀ ਪਾਰਟੀ ਦੇ ਆਗੂਆਂ ਦਾ ਵਿਰੋਧ ਕਰਨਗੇ। ਉਨ੍ਹਾਂ ਇਹ ਵੀ ਕਿਹਾ ਕਿ ਉਹ ਪਿਛਲੇ ਕਈ ਸਾਲਾਂ ਤੋਂ ਨਾਮਾਤਰ ਤਨਖਾਹਾਂ 'ਤੇ ਕੰਮ ਕਰਦੇ ਆ ਰਹੇ ਹਨ। ਇਸ ਮੌਕੇ ਹਰਜੀਤ ਸਿੰਘ, ਗੁਰਦੀਪ ਸਿੰਘ, ਨਵਰਾਜ ਸਿੰਘ, ਸੁਖਵਿੰਦਰ ਸਿੰਘ, ਨਰੇਸ਼ ਕੁਮਾਰੀ, ਨਵਦੀਪ ਕੌਰ, ਸਰਬਜੀਤ ਕੌਰ, ਕੁਲਦੀਪ ਕੌਰ, ਵੀਰਪਾਲ ਕੌਰ, ਯਾਦਵਿੰਦਰ ਸਿੰਘ ਅਤੇ ਵਿਪਨ ਆਦਿ ਵੀ ਹਾਜ਼ਰ ਸਨ।

# ਪਿੰਡ ਖ਼ਿਆਲੀ ਵਿਖੇ ਪੰਜਵਾਂ ਕਬੱਡੀ ਟੂਰਨਾਮੈਂਟ ਭਲਕੇ

ਮਹਿਲ ਕਲਾਂ, 3 ਜਨਵਰੀ (ਅਵਤਾਰ ਸਿੰਘ ਅਣਖੀ)-ਪਿੰਡ ਖ਼ਿਆਲੀ ਵਿਖੇ ਬਾਬਾ ਰਾਮ ਜੋਗੀਪੀਰ ਵੈੱਲਫੇਅਰ ਐਂਡ ਸਪੋਰਟਸ ਕਲੱਬ ਵਲੋਂ ਪ੍ਰਵਾਸੀ ਭਾਰਤੀਆਂ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਲ ਪੰਜਵਾਂ ਸ਼ਾਨਦਾਰ ਕਬੱਡੀ ਟੂਰਨਾਮੈਂਟ 5 ਜਨਵਰੀ, ਦਿਨ ਬੁੱਧਵਾਰ ਨੂੰ ਕਰਵਾਇਆ ਜਾ ਰਿਹਾ ਹੈ। ਪ੍ਰਬੰਧਕਾਂ ਅਨੁਸਾਰ ਇਸ ਮੌਕੇ ਕਬੱਡੀ ਓਪਨ, ਕਬੱਡੀ 55 ਕਿੱਲੋ ਦੀਆਂ ਟੀਮਾਂ ਵਿਚਕਾਰ ਮੁਕਾਬਲੇ ਹੋਣਗੇ। ਕਬੱਡੀ ਓਪਨ ਦੇ ਬੈੱਸਟ ਰੇਡਰ ਤੇ ਜਾਫੀ ਨੂੰ ਜੂਸਰ ਦਿੱਤਾ ਜਾਵੇਗਾ। ਕਿਸਾਨੀ ਸੰਘਰਸ਼ ਵਿਚ ਅਹਿਮ ਯੋਗਦਾਨ ਪਾਉਣ ਵਾਲੇ ਲੱਖਾ ਖ਼ਿਆਲੀ ਨੂੰ ਸਾਈਕਲ ਭੇਟ ਕਰ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।